**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਡਿਪਟੀ ਕਮਿਸ਼ਨਰ ਨੇ ਸੜਕ ਸੁਰੱਖਿਆ ਮਹੀਨਾ ਦੇ ਮੰਤਵ ਤਹਿਤ ਕੱਢੇ ਗਏ ਪੈਦਲ ਮਾਰਚ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ**

**ਵੱਖ-ਵੱਖ ਸ਼ਖਸੀਅਤਾਂ ਵੱਲੋਂ ਸੜਕ `ਤੇ ਚੱਲਦੇ ਸਮੇਂ ਨਿਯਮਾਂ ਦੀ ਪਾਲਣਾ ਕਰਨ ਬਾਰੇ ਕੀਤੇ ਗਏ ਵਿਚਾਰ ਪੇਸ਼**

**ਫਾਜ਼ਿਲਕਾ, 24 ਜਨਵਰੀ**

17 ਫਰਵਰੀ 2021 ਤੱਕ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨਾ ਦੇ ਮੰਤਵ ਤਹਿਤ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਹਿੱਤ ਅੱਜ ਜ਼ਿਲ੍ਹਾ ਪ੍ਰਸ਼ਾਸਕੀ ਅਧਿਕਾਰੀਆਂ, ਸਕੂਲੀ ਵਿਦਿਆਰਥੀਆਂ ਤੇ ਪੁਲਿਸ ਮੁਲਾਜ਼ਮਾਂ ਵੱਲੋਂ ਪੈਦਲ ਮਾਰਚ ਕੱਢਿਆ ਗਿਆ। ਇਸ ਪੈਦਲ ਮਾਰਚ ਨੂੰ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਹ ਪੈਦਲ ਮਾਰਚ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਸ਼ੁਰੂ ਹੋ ਕੇ ਸੰਜੀਵ ਸਿਨੇਮਾ ਚੌਂਕ ਤੋਂ ਹੁੰਦਾ ਹੋਇਆ ਸ਼ਾਸਤਰੀ ਚੌਂਕ, ਪ੍ਰਤਾਗ ਬਾਗ ਵਿਖੇ ਜਾ ਕੇ ਸਮਾਪਤ ਹੋਇਆ।ਮਾਰਚ ਨੂੰ ਰਵਾਨਾ ਕਰਨ ਮੌਕੇ ਉਨ੍ਹਾਂ ਕਿਹਾ ਕਿ ਲੋਕਾਂ ਨੂੰ ਜਾਗਰੂਕ ਕਰਨ ਲਈ ਇਹ ਮਾਰਚ ਕੱਢਿਆ ਜਾ ਰਿਹਾ ਹੈ ਜਿਸ ਨਾਲ ਲੋਕਾ ਅੰਦਰ ਸੜਕ ਸੁਰੱਖਿਆਂ ਦੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਦੀ ਭਾਵਨਾ ਪੈਦਾ ਕਰਨਾ ਹੈ।

ਇਸ ਉਪਰੰਤ ਪ੍ਰਤਾਪ ਬਾਗ ਵਿਖੇ ਸੰਬੋਧਨ ਕਰਦਿਆਂ ਐਸ.ਡੀ.ਐਮ. ਸ੍ਰੀ ਕੇਸ਼ਵ ਗੋਇਲ ਨੇ ਕਿਹਾ ਕਿ ਸੜਕ ਸੁਰੱਖਿਆ ਦੇ ਨਿਯਮਾਂ ਦੀ ਪਾਲਣਾ ਕਰਨਾ ਸਾਡਾ ਮੁੱਢਲਾ ਫਰਜ ਬਣਦਾ ਹੈ। ਉਨ੍ਹਾਂ ਕਿਹਾ ਕਿ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਕੇ ਅਸੀਂ ਆਪਣੀਆ ਕੀਮਤੀ ਜਾਨਾਂ ਨੂੰ ਬਚਾ ਸਕਦੇ ਹਾਂ। ਉਨ੍ਹਾਂ ਕਿਹਾ ਕਿ ਸੜਕ `ਤੇ ਚਲਦੇ ਸਮੇਂ ਹਮੇਸ਼ਾ ਵਹੀਕਲ ਦੀ ਗਤੀ ਹੋਲੀ ਰੱਖੀ ਜਾਵੇ ਤਾਂ ਜੋ ਘਟਨਾ ਦਾ ਸ਼ਿਕਾਰ ਹੋਣ ਤੋਂ ਬਚਿਆ ਜਾ ਸਕੇ।ਉਨ੍ਹਾਂ ਕਿਹਾ ਕਿ ਸਾਵਧਾਨੀਆਂ ਵਿਚ ਹੀ ਬਚਾਅ ਹੈ। ਉਨ੍ਹਾਂ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੁਰਘਟਨਾ ਦਾ ਸ਼ਿਕਾਰ ਹੋਣ `ਤੇ ਜਾਨ ਗਵਾਉਣ ਵਾਲੇ ਇਕਲੇ ਵਿਅਕਤੀ ਦਾ ਨੁਕਸਾਨ ਨਹੀਂ ਹੁੰਦਾ ਬਲਕਿ ਪੂਰੇ ਪਰਿਵਾਰ ਨੂੰ ਇਸ ਦਾ ਘਾਟਾ ਝੱਲਣਾ ਪੈਂਦਾ ਹੈ।

ਇਸ ਮੌਕੇ ਸਹਾਇਕ ਕਮਿਸ਼ਨਰ ਸ੍ਰੀ ਕੰਵਰਜੀਤ ਸਿੰਘ ਨੇ ਸੈਮੀਨਾਰ ਦੌਰਾਨ ਕਿਹਾ ਕਿ ਬੱਚੇ ਆਪਣੇ ਮਾਪਿਆਂ ਤੇ ਲੋਕਾਂ ਤੱਕ ਕਿਸੇ ਵੀ ਗੱਲ ਨੂੰ ਪਹੰੁਚਾਉਣ ਦਾ ਬਹੁਤ ਹੀ ਢੁੱਕਵਾਂ ਮਾਧਿਆਮ ਹਨ। ਉਨ੍ਹਾਂ ਕਿਹਾ ਕਿ ਜੇਕਰ ਬੱਚਿਆਂ ਦੇ ਅੰਦਰ ਸ਼ੁਰੂਆਤੀ ਦੌਰ `ਤੇ ਹੀ ਗੱਲ ਬੈਠ ਜਾਵੇ ਕਿ ਸੜਕ `ਤੇ ਚਲਦੇ ਸਮੇਂ ਹਮੇਸ਼ਾ ਨਿਯਮਾਂ ਦੀ ਪਾਲਣਾ ਕਰਾਂਗੇ ਤੇ ਹੋਰਨਾਂ ਨੂੰ ਨਿਯਮਾਂ ਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਆਪਣੇ ਮਾਪਿਆਂ ਨੂੰ ਸਮਝਾਇਆ ਜਾਵੇ ਕਿ ਬਾਹਰ ਜਾਣ ਸਮੇਂ ਹੈਲਮੈਟ, ਸੀਟ ਬੈਲਟ ਜ਼ਰੂਰ ਲਗਾਈ ਜਾਵੇ। ਉਨ੍ਹਾਂ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਆਪਣੇ ਬੱਚਿਆਂ ਦੀ ਉਮਰ 18 ਸਾਲ ਪੂਰੀ ਹੋਣ ਮਗਰੋਂ ਹੀ ਵਹੀਕਲ ਚਲਾਉਣ ਲਈ ਦਿੱਤਾ ਜਾਵੇ।

ਇਸ ਮੌਕੇ ਟਰੈਫਿਕ ਇੰਚਾਰਜ ਸ. ਜੰਗੀਰ ਸਿੰਘ ਨੇ ਕਿਹਾ ਕਿ ਦੁਰਘਟਨਾਵਾਂ ਹੋਣ ਤੋਂ ਰੋਕਣ ਲਈ ਸੜਕ `ਤੇ ਚਲਦੇ ਸਮੇਂ ਟਰੈਫਿਕ ਚਿੰਨਾਂ ਦੀ ਪਾਲਣਾ ਜ਼ਰੂਰ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਟਰੈਫਿਕ ਚਿੰਨਾਂ ਦੀ ਪਾਲਣਾ ਕਰਕੇ ਜਿਥੇ ਘਟਨਾ ਹੋਣ ਤੋਂ ਬਚਿਆ ਜਾ ਸਕਦਾ ਹੈ, ਉਥੇ ਹੀ ਸਹੀ ਮੰਜ਼ਲ `ਤੇ ਸਮੇਂ ਸਿਰ ਪਹੁੰਚਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਵਹੀਕਲ ਚਲਾਉਣ ਸਮੇਂ ਹੈਲਮੇਟ ਦੀ ਵਰਤੋਂ ਲਾਜਮੀ ਬਣਾਈ ਜਾਵੇ। ਇਸ ਮੌਕੇ ਉਨ੍ਹਾਂ ਸੜਕ ਸੁਰੱਖਿਆ ਨਿਯਮਾਂ ਨੂੰ ਦਰਸ਼ਾਉਂਦੀ ਕਵਿਤਾ ਵੀ ਸੁਣਾਈ।

ਇਸ ਦੌਰਾਨ ਆਰ.ਟੀ.ਏ. ਵਿਭਾਗ ਤੋਂ ਸ. ਜਸਵਿੰਦਰ ਸਿੰਘ ਚਾਵਲਾ ਨੇ ਨਿਯਮਾਂ ਦਾ ਪਾਲਣ ਨਾ ਕਰਨ ਸਬੰਧੀ ਲਗਾਏ ਜਾਂਦੇ ਵੱਖ-ਵੱਖ ਜੁਰਮਾਨਿਆਂ ਬਾਰੇ ਸੰਖੇਪ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਹ ਜੁਰਮਾਨੇ ਕੋਈ ਪੈਸੇ ਇਕੱਠੇ ਕਰਨ ਲਈ ਨਹੀਂ ਲਗਾਏ ਜਾਂਦੇ ਬਲਕਿ ਲੋਕਾਂ ਦੇ ਹਿਤ ਲਈ ਲਗਾਏ ਜਾਂਦੇ ਹਨ ਤਾਂ ਜੋ ਜੁਰਮਾਨਿਆਂ ਦੇ ਡਰ ਨਾਲ ਲੋਕ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰ ਸਕਣ।

ਇਸ ਮੌਕੇ ਜ਼ਿਲ੍ਹਾ ਸਿਹਤ ਅਧਿਕਾਰੀ ਡਾ. ਸ਼ੈਲੰਦਰ ਸਿੰਘ ਅਤੇ ਸ੍ਰੀ ਗੁਰਸ਼ਿੰਦਰਪਾਲ ਸਿੰਘ ਵੱਲੋਂ ਵੀ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਵੱਡਮੁੱਲੇ ਵਿਚਾਰ ਪੇਸ਼ ਕੀਤੇ ਗਏ। ਇਸ ਮੌਕੇ ਸਟੇਜ ਸੰਚਾਲਨ ਦੀ ਭੂਮਿਕਾ ਸਿਖਿਆ ਵਿਭਾਗ ਤੋਂ ਸ੍ਰੀ ਵਿਜੈ

ਪਾਲ ਵੱਲੋਂ ਨਿਭਾਈ ਗਈ।ਇਸ ਦੌਰਾਨ ਲੋਕ ਭਲਾਈ ਵਿਚ ਵਧੀਆ ਕਾਰਗੁਜ਼ਾਰੀ ਦੇਣ ਵਾਲੇ ਰਮਨਦੀਪ ਸਿੰਘ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਨਾਇਬ ਤਹਿਸੀਲਦਾਰ ਸ੍ਰੀ ਵਿਜੈ ਬਹਿਲ, ਡੀ.ਐਸ.ਪੀ. ਸ. ਗੁਰਮੀਤ ਸਿੰਘ, ਜ਼ਿਲ੍ਹਾ ਭਲਾਈ ਅਫਸਰ ਸ. ਬਰਿੰਦਰ ਸਿੰਘ, ਸਮਾਜ ਸੇਵੀ ਸ੍ਰੀ ਸੰਜੀਵ ਮਾਰਸ਼ਲ ਤੋਂ ਇਲਾਵਾ ਹੋਰ ਅਧਿਕਾਰੀ ਤੇ ਕਰਮਚਾਰੀ ਅਤੇ ਵਿਦਿਆਰਥੀ ਮੌਜੂਦ ਸਨ।







**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਐਮ.ਆਰ. ਕਾਲਜ ਦੇ ਖੇਡ ਸਟੇਡੀਅਮ ਵਿਖੇ ਹੋਈ ਜ਼ਿਲਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ**

**26 ਜਨਵਰੀ ਨੂੰ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਲਹਿਰਾਉਣਗੇ ਰਾਸ਼ਟਰੀ ਝੰਡਾ**

**ਫਾਜ਼ਿਲਕਾ 24 ਜਨਵਰੀ :**

72ਵੇਂ ਗਣਤੰਤਰ ਦਿਵਸ ਦੇ ਜ਼ਿਲਾ ਪੱਧਰੀ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ 26 ਜਨਵਰੀ ਨੂੰ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਵੱਲੋਂ ਆਸਫ ਵਾਲਾ ਸ਼ਹੀਦੀ ਸਮਾਰਕ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਤੋਂ ਬਾਅਦ ਐਮ.ਆਰ. ਕਾਲਜ ਦੇ ਖੇਡ ਸਟੇਡੀਅਮ ਵਿਖੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਜਾਵੇਗੀ।

ਇਸ ਸਮਾਗਮ ਦੀ ਫੁੱਲ ਡਰੈਸ ਰਿਹਰਸਲ ਅੱਜ ਖੇਡ ਸਟੇਡੀਅਮ ਫਾਜ਼ਿਲਕਾ ਵਿਖੇ ਹੋਈ, ਜਿਸ ਦੌਰਾਨ ਐਸ.ਡੀ.ਐਮ. ਸ੍ਰੀ ਕੇਸ਼ਵ ਗੋਇਲ ਨੇ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਮੌਕੇ ਉਨਾਂ ਪਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ। ਇਸ ਮੌਕੇ ਡੀ.ਐਸ.ਪੀ. ਸ. ਜ਼ਸਵੀਰ ਸਿੰਘ ਵੀ ਉਨਾਂ ਦੇ ਨਾਲ ਸਨ। ਇਸ ਦੌਰਾਨ ਪਰੇਡ ਕਮਾਂਡਰ ਆਈ.ਪੀ.ਐਸ. ਸ੍ਰੀ ਸ਼ੁਭਮ ਅਗਰਵਾਲ ਦੀ ਅਗਵਾਈ ਵਿਚ ਵੱਖ-ਵੱਖ ਟੁਕੜੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ ਅਤੇ ਮੁੱਖ ਮਹਿਮਾਨ ਦੀ ਆਮਦ ਤੋਂ ਲੈ ਕੇ ਸਮਾਗਮ ਦੀ ਸਮਾਪਤੀ ਤੱਕ ਦੀ ਪੂਰੀ ਰਿਹਰਸਲ ਕੀਤੀ ਗਈ।

ਇਸ ਉਪਰੰਤ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਐਸ.ਡੀ.ਐਮ. ਨੇ ਦੱਸਿਆ ਕਿ ਕੋਵਿਡ-19 ਕਾਰਨ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਇਸ ਵਾਰ ਗਣਤੰਤਰ ਦਿਵਸ ਮੌਕੇ ਬੱਚਿਆਂ ਦਾ ਪੀ. ਟੀ ਸ਼ੋਅ ਅਤੇ ਸੱਭਿਆਚਾਰਕ ਪ੍ਰੋਗਰਾਮ ਨਹੀਂ ਕਰਵਾਇਆ ਜਾ ਰਿਹਾ।ਉਨਾਂ ਦੱਸਿਆ ਕਿ ਸਮਾਗਮ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਕੱਢੀਆਂ ਜਾਣ ਵਾਲੀਆਂ ਝਾਕੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਹੋਣਗੀਆਂ।

ਇਸ ਮੌਕੇ ਐਸ.ਐਸ.ਪੀ. ਸ. ਹਰਜੀਤ ਸਿੰਘ, ਸਹਾਇਕ ਕਮਿਸ਼ਨਰ ਸ੍ਰੀ ਕੰਵਰਜੀਤ ਸਿੰਘ, ਨਾਇਬ ਤਹਿਸੀਲਦਾਰ ਸ੍ਰੀ ਵਿਜੈ ਬਹਿਲ, ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲਾ ਅਧਿਕਾਰੀ ਹਾਜ਼ਰ ਸਨ।








**ਵਨ ਸਟਾਪ ਸੈਂਟਰ ਸਕੀਮ ਜ਼ਿਲ੍ਹੇ ਦੀਆਂ ਮਹਿਲਾਵਾ ਲਈ ਹੋਈ ਹੋ ਰਹੀ ਹੈ**

**ਲਾਹੇਵੰਦ ਸਾਬਿਤ-ਵਿਧਾਇਕ ਘੁਬਾਇਆ**

**ਫਾਜ਼ਿਲਕਾ, 24 ਜਨਵਰੀ**

ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਦੁਆਰਾ ਆਰੰਭ ਕੀਤੀ ਗਈ ਵਨ ਸਟਾਪ ਸੈਂਟਰ ਸਕੀਮ ਜ਼ਿਲ੍ਹੇ ਦੀਆਂ ਮਹਿਲਾਵਾ ਲਈ ਲਾਹੇਵੰਦ ਸਾਬਿਤ ਹੋਈ ਹੋ ਰਹੀ ਹੈ। ਇਸ ਸਕੀਮ ਅਧੀਨ ਪੰਜਾਬ ਦੇ 22 ਜ਼ਿਲ੍ਹਿਆਂ ਵਿੱਚ ਵਨ ਸਟਾਪ ਸੈਂਟਰ ਸਥਾਪਤ ਕੀਤੇ ਗਏ ਹਨ।ਇਹ ਜਾਣਕਾਰੀ ਫਾਜ਼ਿਲਕਾ ਦੇ ਵਿਧਾਇਕ ਸ. ਦਵਿੰਦਰ ਸਿੰਘ ਘੁਬਾਇਆ ਨੇ ਦਿੱਤੀ। ਵਿਧਾਇਕ ਫਾਜ਼ਿਲਕਾ ਸ. ਘੁਬਾਇਆ ਨੇ ਦੱਸਿਆ ਕਿ ਇਹ ਵਨ ਸਟਾਪ ਸੈਂਟਰ ਇਸ ਸਮੇਂ ਸਿਵਲ ਹਸਪਤਾਲ ਫਾਜਿਲਕਾ ਵਿਖੇ ਪ੍ਰਾਈਵੇਟ ਵਾਰਡ ਨੰਬਰ 2 ਵਿਚ ਅਸਥਾਈ ਤੌਰ `ਤੇ ਚੱਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਵਨ ਸਟਾਪ ਸੈਂਟਰ ਦੀ ਸਥਾਈ ਇਮਾਰਤ ਦਾ ਨਿਰਮਾਣ ਕੀਤਾ ਜਾ ਚੁੱਕਿਆ ਹੈ ਜਿਸ ਨੂੰ ਜਲਦ ਨੇੜੇ ਐਮ.ਆਰ.ਕਾਲਜ, ਬਾਰਡਰ ਰੋਡ ਵਿਖੇ ਬਣ ਰਹੇ ਸੈਂਟਰ ਵਿਚ ਤਬਦੀਲ ਕਰ ਦਿੱਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਵਨ ਸਟਾਪ ਸੈਂਟਰ ਵਿਚ ਹਿੰਸਾਂ ਤੋਂ ਪੀੜਤ ਔਰਤਾਂ ਲਈ ਚਲਾਈ ਗਈ ਸਕੀਮ ਹੈ, ਜਿਸ ਵਿਚ ਔਰਤਾਂ ਵਿਰੁੱਧ ਹੋਣ ਵਾਲੀ ਹਿੰਸਾ ਭਾਵੇ ਉਹ ਘਰ ਵਿਚ ਜਾਂ ਕੰਮ ਵਾਲੇ ਸਥਾਨ `ਤੇ ਦੇ ਖਿਲਾਫ ਇਕ ਛੱਤ ਹੇਠਾਂ ਡਾਕਟਰੀ ਸਹਾਇਤਾ, ਪੁਲਿਸ ਸਹਾਇਤਾ, ਮਨੋਵਿਗਿਆਨ ਸਲਾਹ, ਕਾਨੂੰਨੀ ਸਹਾਇਤਾ, ਅਸਥਾਈ ਆਸਰਾ/ਸ਼ੈਲਟਰ ਹੋਮ ਅਤੇ ਵੀਡੀਓ ਕਾਨਫਰੰਸ ਆਦਿ ਦੀ ਸਹਾਇਤਾ ਮੁਹੱਈਆ ਕਰਵਾਈ ਜਾਂਦੀ ਹੈ

ਵਿਧਾਇਕ ਫਾਜ਼ਿਲਕਾ ਸ. ਘੁਬਾਇਆ ਨੇ ਦੱਸਿਆ ਕਿ ਜ਼ਿਲ੍ਹਾ ਫਾਜ਼ਿਲਕਾ ਵਿਖੇ ਹੁਣ ਤੱਕ ਕੁੱਲ 182 ਕੇਸ ਦਰਜ ਕੀਤੇ ਗਏ ਹਨ, ਜਿਨ੍ਹਾਂ ਵਿਚੋਂ 109 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਹੈ, 70 ਕੇਸਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕੋਲ ਭੇਜਿਆ ਗਿਆ ਹੈ ਅਤੇ 3 ਕੇਸ ਵਿਚਾਰ ਅਧੀਨ ਹਨ।

